# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :22-11-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਤੋਂ ਦੱਖਣੀ ਅਫ਼ਰੀਕਾ ਦੇ ਜੋਹਾਨਸਬਰਗ ਵਿਖੇ ਸ਼ੁਰੂ ਹੋ ਰਹੇ G20 ਆਗੂਆਂ ਦੇ ਸੰਮੇਲਨ ਵਿੱਚ ਹਿੱਸਾ ਲੈਣਗੇ। ਇਸ ਸਾਲ ਸੰਮੇਲਨ ਦਾ ਵਿਸ਼ਾ ਏਕਤਾ, ਸਮਾਨਤਾ ਤੇ ਸਥਿਰਤਾ ਏ। ਆਪਣੀ ਪ੍ਰਧਾਨਗੀ ਹੇਠ, ਦੱਖਣੀ ਅਫ਼ਰੀਕਾ ਨੇ ਮੁੱਖ ਤਰਜੀਹਾਂ 'ਤੇ ਧਿਆਨ ਕੇਂਦਰਿਤ ਕੀਤਾ ਏ, ਜਿਸ ਵਿੱਚ ਆਫ਼ਤ ਲਚਕੀਲੇਪਣ ਨੂੰ ਮਜ਼ਬੂਤ ਕਰਨਾ, ਘੱਟ ਆਮਦਨ ਵਾਲੇ ਦੇਸ਼ਾਂ ਲਈ ਕਰਜ਼ੇ ਦੀ ਸਥਿਰਤਾ ਨੂੰ ਯਕੀਨੀ ਬਣਾਉਣਾ, ਇੱਕ ਨਿਆਂਪੂਰਨ ਊਰਜਾ ਤਬਦੀਲੀ ਲਈ ਵਿੱਤ ਨੂੰ ਜੁਟਾਉਣਾ ਤੇ ਸਮਾਵੇਸ਼ੀ ਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਖਣਿਜਾਂ ਦੀ ਵਰਤੋਂ ਕਰਨਾ ਸ਼ਾਮਲ ਏ।

---------------------------------------------------------------------------

ਪੰਜਾਬ ਚ ਉਦਯੋਗਿਕ ਖੇਤਰ ਨੂੰ ਵੱਡਾ ਹੁਲਾਰਾ ਦੇਣ ਦੇ ਉਦੇਸ਼ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਫਾਸਟ੍ਰੈਕ ਪੰਜਾਬ ਪੋਰਟਲ ਦੇ

ਦੂਜੇ ਪੜਾਅ ਦੀ ਸ਼ੁਰੂਆਤ ਕੀਤੀ ਗਈ। ਇਸ ਪੋਰਟਲ ਜ਼ਰੀਏ 173 ਸੇਵਾਵਾਂ ਇਕੋ ਛੱਤ ਹੇਠ ਪ੍ਰਦਾਨ ਕੀਤੀਆਂ ਜਾਣਗੀਆਂ, ਜਿਸ ਨਾਲ ਸੂਬੇ ਵਿਚ ਉਦਯੋਗਿਕ ਵਿਕਾਸ ਦੀ ਗਤੀ ਤੇਜ਼ ਹੋਵੇਗੀ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਪੰਜਾਬ ਨੂੰ ਨਿਵੇਸ਼ਕ-ਅਨੁਕੂਲ ਸਥਾਨ ਬਣਾਉਣ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਦਾ ਪ੍ਰਮਾਣ ਏ। ਮੁੱਖ ਮੰਤਰੀ ਨੇ ਕਿਹਾ ਕਿ ਫਾਸਟ੍ਰੈਕ ਪੰਜਾਬ ਪੋਰਟਲ ਰਾਹੀਂ ਇਸ ਸਮੇਂ ਨੌਂ ਵਿਭਾਗਾਂ ਨਾਲ ਸਬੰਧਤ 47 ਸੇਵਾਵਾਂ ਚਲਾਈਆਂ ਜਾ ਰਹੀਆਂ ਨੇ ਤੇ ਪ੍ਰਭਾਵਸ਼ਾਲੀ ਤਾਲਮੇਲ ਤੇ ਨਿਗਰਾਨੀ ਨਾਲ ਅਰਜ਼ੀਆਂ ਦੀ ਬਕਾਇਆ ਦਰ ਜ਼ੀਰੋ ਹੋ ਗਈ ਏ। ਉਨ੍ਹਾਂ ਅੱਗੇ ਕਿਹਾ ਕਿ 1.40 ਲੱਖ ਕਰੋੜ ਦੇ ਨਵੇਂ ਨਿਵੇਸ਼ ਹਾਸਲ ਹੋਣ ਨਾਲ ਵੱਖ-ਵੱਖ ਖੇਤਰਾਂ ਵਿੱਚ ਲਗਪਗ 5 ਲੱਖ ਨੌਕਰੀਆਂ ਦੇ ਮੌਕੇ ਪੈਦਾ ਹੋਏ ਨੇ। ਉਹਨਾਂ ਦੱਸਿਆ ਕਿ ਸੂਬਾ ਸਰਕਾਰ ਕਾਰੋਬਾਰ ਕਰਨ ਦੀ ਸੌਖ ਲਈ ਵੱਖ-ਵੱਖ ਭਾਈਵਾਲਾਂ ਨਾਲ ਨੇੜਿਓਂ ਤਾਲਮੇਲ ਜ਼ਰੀਏ ਕੰਮ ਕਰ ਰਹੀ ਏ।

----------------------------------------------------------------------

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਏ ਕਿ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ 'ਤੇ ਚਾਰੋਂ ਦਿਸ਼ਾਵਾਂ ਤੋਂ ਸਜਾਏ ਨਗਰ ਕੀਰਤਨ ਅੱਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜਣਗੇ।

ਉਨ੍ਹਾਂ ਦੱਸਿਆ ਕਿ ਸ੍ਰੀਨਗਰ, ਗੁਰਦਾਸਪੁਰ, ਫਰੀਦਕੋਟ ਤੇ ਤਲਵੰਡੀ ਸਾਬੋ ਤੋਂ ਆ ਰਹੇ ਨਗਰ ਕੀਰਤਨਾਂ ਦੀ ਕੁੱਲ ਲੰਬਾਈ 1563 ਕਿਲੋਮੀਟਰ ਬਣਦੀ ਏ । ਉੱਧਰ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ 23 ਤੋਂ 25 ਨਵੰਬਰ ਤੱਕ ਹੋਣ ਵਾਲੇ ਸਮਾਗਮਾਂ ਵਿਚ ਸ਼ਾਮਲ ਹੋਣ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਲਈ ਵੱਡੀ ਗਿਣਤੀ 'ਚ ਪੁੱਜਣ ਵਾਲੀ ਸੰਗਤ ਦੀ ਸਹੂਲਤ ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਾਰੀਆਂ ਤਿਆਰੀਆਂ ਮੁਕੰਮਲ ਨੇ । ਸਮਾਗਮਾਂ ਦੇ ਮੱਦੇਨਜ਼ਰ ਪੰਜਾਬ ਸਰਕਾਰ ਵਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ 25 ਨਵੰਬਰ ਨੂੰ ਸੂਬਾ ਪੱਧਰੀ ਇਕ ਖੂਨਦਾਨ ਕੈਂਪ ਵੀ ਲਗਾਇਆ ਜਾ ਰਿਹਾ ਏ, ਇਸ ਸਬੰਧੀ ਰੋਪੜ ਦੇ ਸਿਵਲ ਸਰਜਨ ਡਾ. ਸੁਖਵਿੰਦਰਜੀਤ ਸਿੰਘ ਨੇ ਦੱਸਿਆ ਕਿ byte

ਇਸੇ ਦੌਰਾਨ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਲੱਖਾਂ ਦੀ ਗਿਣਤੀ 'ਚ ਪੁੱਜਣ ਵਾਲੀ ਸੰਗਤ ਦੀ ਸਹੂਲਤ ਲਈ ਇਕ ਮੋਬਾਈਲ ਐਪਲੀਕੇਸ਼ਨ ਤੇ ਵੈੱਬਸਾਈਟ "anandpurSahib350.com" ਦੀ ਸ਼ੁਰੂਆਤ ਕੀਤੀ ਏ । ਓਧਰ ਸ੍ਰੀ ਅਨੰਦਪੁਰ ਸਾਹਿਬ ਚ ਸ਼ਹੀਦੀ ਸ਼ਤਾਬਦੀ ਸਮਾਰੋਹਾਂ ਨੂੰ ਸੁਚਾਰੂ ਤੇ ਸੁਰੱਖਿਅਤ ਢੰਗ ਨਾਲ ਸਪੰਨ ਕਰਨ ਲਈ ਪੰਜਾਬ ਪੁਲਿਸ ਵਲੋਂ ਵਿਸ਼ੇਸ਼

ਟ੍ਰੈਫਿਕ ਪ੍ਰਬੰਧ ਯੋਜਨਾ ਤਿਆਰ ਕੀਤੀ ਗਈ ਏ । ਇਸ ਬਾਰੇ ਡਾਇਰੈਕਟਰ ਜਨਰਲ ਪੁਲਿਸ ਏ.ਐਸ. ਰਾਏ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਟ੍ਰੈਫਿਕ ਦੇ ਪ੍ਰਬੰਧ ਨੂੰ ਵੱਖ-ਵੱਖ ਸੈਕਟਰਾਂ ਵਿਚ ਵੰਡਿਆ ਗਿਆ ਏ । ਸਮਾਗਮਾਂ ਦੌਰਾਨ ਟ੍ਰੈਫਿਕ ਕੰਟਰੋਲ ਰੂਮ 24 ਘੰਟੇ ਚਾਲੂ ਰਹੇਗਾ ਤੇ ਹਰ ਸੈਕਟਰ ਦਾ ਇੰਚਾਰਜ ਨਿਯਮਤ ਤੌਰ ’ਤੇ ਰਿਪੋਰਟ ਕਰੇਗਾ ਤਾਂ ਜੋ ਕਿਸੇ ਵੀ ਐਮਰਜੈਂਸੀ ਸਥਿਤੀ ਵਿਚ ਤੁਰੰਤ ਕਾਰਵਾਈ ਹੋ ਸਕੇ ।

---------------------------------------------------------------

ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਲੀਡਰਸ਼ਿਪ ਇਨ ਮੈਂਟਲ ਹੈਲਥ ਪ੍ਰੋਗਰਾਮ’ ਦੀ ਸ਼ੁਰੂਆਤ ਕੀਤੀ, ਜੋ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਘਟਾਉਣ ਤੇ ਮਾਨਸਿਕ ਤੰਦਰੁਸਤੀ ਵਧਾਉਣ ਲਈ ਦੇਸ਼ ਦੀ ਪਹਿਲੀ ਸਮਰਪਿਤ ਪੇਸ਼ਕਦਮੀ ਏ । ਇਹ ਮੋਹਰੀ ਪਹਿਲ ਸਿਹਤ ਵਿਭਾਗ ਪੰਜਾਬ, ਡਾ. ਬੀ.ਆਰ. ਅੰਬੇਡਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼, ਮੋਹਾਲੀ ਤੇ ਟਾਟਾ ਇੰਸਟੀਚਿਊਟ ਆਫ਼ ਸੋਸ਼ਲ ਸਾਇੰਸਜ਼ ਮੁੰਬਈ ਦੇ ਸਹਿਯੋਗ ਵਾਲਾ ਸਾਂਝਾ ਉਪਰਾਲਾ ਏ । ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਫੈਲੋਸ਼ਿਪ ਭਾਰਤ ਤੇ ਦੁਨੀਆ ਭਰ ਦੇ 35 ਮਨੋਰੋਗ ਪੇਸ਼ੇਵਰਾਂ ਨੂੰ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਵਿਚ ਨਸ਼ਿਆਂ ਦੀ ਰੋਕਥਾਮ, ਇਲਾਜ ਤੇ ਮੁੜ-ਵਸੇਬਾ

ਸੇਵਾਵਾਂ ਨੂੰ ਮਜ਼ਬੂਤ ਕਰਨ ਵਿਚ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਦੱਸਿਆ ਕਿ ਦੋ ਸਾਲਾਂ ਦੀ ਇਹ ਫੈਲੋਸ਼ਿਪ ਤਹਿਤ ਨਵੇਂ ਪੇਸ਼ੇਵਰਾਂ ਨੂੰ ਡੇਟਾ ਇੰਟੈਲੀਜੈਂਸ ਤੇ ਟੈਕਨੀਕਲ ਸਪੋਰਟ ਯੂਨਿਟ ਵਿਚ ਕੰਮ ਕਰਨ ਦਾ ਇਕ ਵਿਲੱਖਣ ਮੌਕਾ ਪ੍ਰਦਾਨ ਕਰੇਗੀ।

---------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਿਲ੍ਹਾ ਤਰਨ ਤਾਰਨ ਸਰਕਲ ਗੋਲਵਾੜ੍ਹ ਪਿੰਡ ਬਾਲਾ ਚੱਕ ਵਿਖੇ ਤਾਇਨਾਤ ਪਟਵਾਰੀ ਸਰਬਜੀਤ ਸਿੰਘ ਨੂੰ 25000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਏ।ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਪੁਲਿਸ ਸਟੇਸ਼ਨ ਵਿਜੀਲੈਂਸ ਬਿਊਰੋ, ਰੇਂਜ ਅੰਮ੍ਰਿਤਸਰ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਏ। ਦੋਸ਼ੀ ਪਟਵਾਰੀ ਨੂੰ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ ਇਸ ਸਬੰਧ ਵਿਚ ਹੋਰ ਜਾਂਚ ਜਾਰੀ ਏ।